ਸ਼ਿਵਾਲਿਕ ਪਬਲਿਕ ਸਕੂਲ ਵਿੱਚ ਤੀਆਂ ਦਾ ਤਿਉਹਾਰ ਮਨਾਇਆ ਗਿਆ

ਸ਼ਹਿਰ ਮੁਹਾਲੀ ਫੇਜ਼ 6 ਵਿੱਚ ਸਥਿਤ ਸ਼ਿਵਾਲਿਕ ਪਬਲਿਕ ਸਕੂਲ ਵਿਖੇ ਤੀਆਂ ਦੇ ਤਿਉਹਾਰ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ। ਸਕੂਲ ਮੈਨੇਜਮੈਂਟ ਦੀ ਦੇਖ-ਰੇਖ ਹੇਠ ਕਰਵਾਏ ਗਏ ਇਸ ਅਵਸਰ ਸਮੇਂ ਸਕੂਲ ਦੇ ਪ੍ਰਿੰਸੀਪਲ ਡਾ. ਅਨੂਪਕਿਰਨ ਕੌਰ ਜੀ , ਐਸ. ਆਈ. ਈ. ਆਰ. ਦੇ ਪ੍ਰਿੰਸੀਪਲ ਡਾ. ਜੋਤੀ ਸੋਨੀ , ਡਾ. ਗੁਣਵੰਤ ਕੌਰ ਬਰਾੜ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਪ੍ਰੋਗਰਾਮ ਦੌਰਾਨ ਸਕੂਲ ਦੀਆਂ ਬੱਚੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਕਵਿਤਾਵਾਂ, ਲੋਕ ਗੀਤ ਅਤੇ ਤੀਆਂ ਨਾਲ ਸੰਬੰਧਿਤ ਭਾਸ਼ਣ ਆਦਿ ਗਤੀਵਿਧੀਆਂ ਸ਼ਾਮਿਲ ਕੀਤੀਆਂ ਗਈਆਂ ਸਨ।ਇਸ ਮੌਕੇ ਰੰਗ-ਬਿਰੰਗੀਆਂ ਪੁਸ਼ਾਕਾਂ ਵਿੱਚ ਸੱਜ ਕੇ ਆਈਆਂ ਬੱਚੀਆਂ ਵੱਲੋਂ ਕਈ ਪ੍ਰਕਾਰ ਦੀਆਂ ਗਤੀਵਿਧੀਆਂ ਵਿੱਚ ਭਾਗ ਲੈਦੇ ਆਪਣੀ ਪ੍ਰਤਿਭਾ ਦਾ ਬਖੂਬੀ ਪ੍ਰਦਰਸ਼ਨ ਕੀਤਾ ਗਿਆ। ਉਪਰੰਤ ਡਾ. ਗੁਣਵੰਤ ਕੌਰ ਬਰਾੜ ਜੀ ਵੱਲੋਂ ਸਕੂਲ ਦੇ ਵਿਦਿਆਰਥੀਆਂ ਨੂੰ ਆਪਣਾ ਵਿਰਸਾ ਸੰਭਾਲਣ ਦੀ ਅਪੀਲ ਕਰਦੇ ਹੋਏ ਕਿਹਾ ਗਿਆ ਕਿ ਅਜਿਹੇ ਤਿਉਹਾਰ ਸਮਾਜ ਵਿੱਚ ਭਾਈਚਾਰਕ ਸਾਂਝ ਨੂੰ ਵਧਾਉਂਦੇ ਹਨ। ਵਿਦਿਆਰਥੀਆਂ ਨੂੰ ਪੁਰਾਤਨ ਵਿਸਰਦੇ ਵਿਰਸੇ ਨਾਲ ਜੋੜਨ ਦੀ ਅਪੀਲ ਕੀਤੀ ਗਈ। ।ਇਸ ਮੌਕੇ ਉੱਤੇ ਵਿਦਿਅਰਥਣਾਂ ਵੱਲੋਂ ਪੀਘਾਂ ਝੂਟੀਆਂ ਗਈਆਂ ਅਤੇ ਰਿਵਾਇਤੀ ਖਾਣਾ ਖੀਰ -ਪੂੜਿਆਂ ਦਾ ਆਨੰਦ ਮਾਣਿਆ ਗਿਆ। ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਮੈਡਮ ਡਾਕਟਰ ਅਨੂਪਕਿਰਨ ਕੌਰ ਜੀ ਵੱਲੋਂ ਬੱਚਿਆਂ ਨੂੰ ਉਹਨਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਵਧਾਈ ਦਿੱਤੀ ਗਈ ਅਤੇ ਅਧਿਆਪਕਾਂ ਦੇ ਉੱਦਮ ਦੀ ਸ਼ਲਾਘਾ ਕੀਤੀ ।ਉਨਾਂ ਨੂੰ ਵਿਰਸੇ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਇਸ ਤਰ੍ਹਾਂ ਇਹ ਤੀਆਂ ਦਾ ਤਿਉਹਾਰ ਸਫਲਤਾ ਪੂਰਵਕ ਬੜੇ ਚਾਵਾਂ ਅਤੇ ਖੁਸ਼ੀਆ ਨਾਲ ਮਨਾਇਆ ਗਿਆ।